# ਪੰਜਾਬ ਵਿਧਾਨ ਸਭਾ

## ਬਾਰ੍ਹਵਾਂ (ਬਜਟ) ਸਮਾਗਮ

## ਨਿਸ਼ਾਨ ਵਾਲੇ ਪ੍ਰਸ਼ਨ

## 10 ਮਾਰਚ 2026

----

**ਕੁੱਲ ਪ੍ਰਸ਼ਨ 20**

----

**ਟਾਂਡਾ ਫਾਟਕ ਲੈਵਲ ਕਰਾਸਿੰਗ ਨੰਬਰ S-63/E 3 ਵਿਖੇ ਰੇਲਵੇ ਅੰਡਰ ਬ੍ਰਿਜ ਦੀ ਉਸਾਰੀ ਦੀ ਮੌਜੂਦਾ ਸਥਿਤੀ**

***1698 ਸ਼੍ਰੀ. ਅਵਤਾਰ ਸਿੰਘ ਜੂਨੀਅਰ (ਜਲੰਧਰ ਉੱਤਰੀ ):**

**ਲੋਕ ਨਿਰਮਾਣ** ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਜ਼ਿਲ੍ਹਾ ਜਲੰਧਰ ਵਿੱਚ ਸਾਹਨੇਵਾਲ-ਜਲੰਧਰ-ਅੰਮ੍ਰਿਤਸਰ ਲਾਈਨ ਤੇ ਟਾਂਡਾ ਫਾਟਕ ਲੈਵਲ ਕਰਾਸਿੰਗ ਨੰਬਰ S-63/E 3 ਵਿਖੇ ਰੇਲਵੇ ਅੰਡਰ ਬ੍ਰਿਜ ਦੀ ਉਸਾਰੀ ਦੀ ਤਜਵੀਜ਼ ਹੈ; ਜੇਕਰ ਹਾਂ ਤਾਂ ਇਸ ਪ੍ਰੋਜੈਕਟ ਦੀ ਮੌਜੂਦਾ ਸਥਿਤੀ ਕੀ ਹੈ?

----

**ਟਾਈਪ-1 ਸ਼ੂਗਰ ਦੇ ਮਰੀਜਾਂ ਨੂੰ ਸਹੂਲਤਾਂ ਦੇਣਾ**

***1819 ਸ. ਦਲਬੀਰ ਸਿੰਘ (ਬਾਬਾ ਬਕਾਲਾ):**

**ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਮੈਡੀਕਲ ਸਿੱਖਿਆ ਅਤੇ ਖੋਜ, ਚੋਣ** ਕੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਟਾਈਪ-1 ਸ਼ੂਗਰ ਕਾਰਨ ਵਿਅਕਤੀਆਂ/ ਮਰੀਜਾਂ ਦੇ ਸਰੀਰਕ ਅੰਗ ਕੰਮ ਕਰਨਾ ਬੰਦ ਕਰ ਦਿੰਦੇ ਹਨ; ਜੇਕਰ ਅਜਿਹਾ ਹੈ ਤਾਂ ਕੀ ਇਸ ਬੀਮਾਰੀ ਤੋਂ ਪੀੜਤ ਲੋਕਾਂ ਨੂੰ ਹੈਂਡੀਕੈਪ ਕੈਟੇਗਿਰੀ ਵਿੱਚ ਸ਼ਾਮਲ ਕਰਕੇ ਉਹਨਾਂ ਨੂੰ ਇਲਾਜ ਅਤੇ ਸਹੂਲਤਾਂ ਦੇਣ ਦੀ ਕੋਈ ਤਜਵੀਜ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਉਸਦੇ ਵੇਰਵੇ ਕੀ ਹਨ?

----

## ਬਿਜਲੀ ਗਰਿੱਡਾਂ ਦੀ ਸੁਰੱਖਿਆ ਲਈ ਗਾਰਡ ਨਿਯੁਕਤ ਕਰਨਾ

*1824 ਸ. ਅੰਮ੍ਰਿਤਪਾਲ ਸਿੰਘ ਸੁੱਖਾਨੰਦ (ਬਾਘਾ ਪੁਰਾਣਾ):

**ਸਥਾਨਕ ਸਰਕਾਰਾਂ, ਉਦਯੋਗ ਤੇ ਵਣਜ, ਨਿਵੇਸ਼ ਪ੍ਰਮੋਸ਼ਨ ਵਿਭਾਗ , ਬਿਜਲੀ** ਕੀ ਬਿਜਲੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਸਰਕਾਰੀ ਇਮਾਰਤਾਂ ਜਿਵੇ ਸਕੂਲਾਂ ਆਦਿ ਲਈ ਗਾਰਡ ਨਿਯੁਕਤ ਕੀਤੇ ਜਾਣ ਦੀ ਤਰਜ ਤੇ ਬਿਜਲੀ ਦੇ ਸਰਕਾਰੀ ਗਰਿੱਡਾਂ, ਜਿਨ੍ਹਾਂ ਵਿੱਚ ਬਹੁਤ ਕੀਮਤੀ ਸਮਾਨ ਵੀ ਪਿਆ ਰਹਿੰਦਾ ਹੈ, ਦੀ ਸੁਰੱਖਿਆ ਲਈ ਵੀ ਗਾਰਡ ਨਿਯੁਕਤ ਕਰਨ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ, ਜੇਕਰ ਹੈ ਤਾਂ ਕਦੋਂ ਤੱਕ?

----

## ਪਬਲਿਕ ਕਾਲਜ ਸਮਾਣਾ ਨੂੰ ਸਰਕਾਰ ਦੁਆਰਾ ਆਪਣੇ ਅਧਿਕਾਰ ਖੇਤਰ ਵਿੱਚ ਲੈਣਾ

*1764 ਚੇਤਨ ਸਿੰਘ ਜੌੜਾਮਾਜਰਾ (ਸਮਾਣਾ):

**ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਉੱਚ ਸਿੱਖਿਆ ਅਤੇ ਭਾਸ਼ਾ, ਸਕੂਲ ਸਿੱਖਿਆ,ਸੂਚਨਾ ਅਤੇ ਲੋਕ ਸੰਪਰਕ** ਕੀ ਉੱਚੇਰੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਪਬਲਿਕ ਕਾਲਜ ਸਮਾਣਾ ਨੂੰ ਸਰਕਾਰ ਆਪਣੇ ਅਧਿਕਾਰ ਖੇਤਰ ਵਿੱਚ ਕਰਨ ਦਾ ਵਿਚਾਰ ਰੱਖਦੀ ਹੈ; ਜੇਕਰ ਹਾਂ ਤਾਂ ਕਦੋਂ ਤੱਕ?

----

## ਹਲਕਾ ਡੇਰਾਬੱਸੀ ਦੀਆਂ ਮੰਡੀ ਬੋਰਡ ਅਧੀਨ ਆਉਂਦੀਆਂ ਸ਼ੜਕਾਂ ਦੇ ਵੇਰਵੇ

*1783 ਸ. ਕੁਲਜੀਤ ਸਿੰਘ ਰੰਧਾਵਾ ( ਡੇਰਾ ਬੱਸੀ ):

**ਖੇਤੀਬਾੜੀ ਵਿਭਾਗ, ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਵਿਭਾਗ :-**

ਕੀ ਖੇਤੀਬਾੜੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਹਲਕਾ ਡੇਰਾਬੱਸੀ ਅੰਦਰ ਕੁੱਲ ਕਿੰਨੀਆਂ ਸੜਕਾਂ ਪੰਜਾਬ ਮੰਡੀ ਬੋਰਡ ਦੇ ਅਧੀਨ ਆਉਂਦੀਆਂ ਹਨ, ਇਨ੍ਹਾਂ ਦੇ ਨਾਂ ਕੀ ਹਨ ਅਤੇ ਇਹ ਸੜਕਾਂ ਕਿੰਨੇ-ਕਿੰਨੇ ਕਿਲੋਮੀਟਰ ਚੌੜਾਈ ਤੇ ਲੰਬਾਈ ਵਾਲੀਆਂ ਹਨ;

ਅ) ਇਨ੍ਹਾਂ ਸੜਕਾਂ ਵਿੱਚੋ ਇਸ ਵੇਲੇ ਕਿਹੜੀਆਂ-ਕਿਹੜੀਆਂ ਤੇ ਕਿੰਨੀਆਂ ਸੜਕਾਂ ਦੀ ਮੁੰਰਮਤ ਕਰਵਾਈ ਜਾ ਰਹੀ ਹੈ, ਅਤੇ ਬਾਕੀ ਰਹਿੰਦੀਆਂ ਸੜਕਾਂ ਦੀ ਕਦੋਂ ਤੱਕ ਮੁਰੰਮਤ ਕਰਵਾ ਦਿੱਤੀ ਜਾਵੇਗੀ; ਵੇਰਵੇ ਸਹਿਤ ਦੱਸਿਆ ਜਾਵੇ?

----

## ਨਵੇਂ ਰਾਸ਼ਨ ਡਿਪੂ ਅਲਾਟ ਕਰਨਾ

*1811 ਸ੍ਰੀ ਗੁਰਲਾਲ ਸਿੰਘ (ਘਨੌਰ):

**ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ, ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ** ਕੀ ਖੁਰਾਕ ਅਤੇ ਸਿਵਲ ਸਪਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਸਰਕਾਰ ਵੱਲੋਂ ਨਵੇਂ ਰਾਸ਼ਨ ਡਿਪੂ ਅਲਾਟ ਕਰਨ ਲਈ ਐਲਾਨ ਕੀਤਾ ਗਿਆ ਸੀ; ਜੇਕਰ ਅਜਿਹਾ ਹੈ ਤਾਂ ਇਸ ਐਲਾਨ ਤੇ ਅਮਲ ਕਰਨ ਲਈ ਯੋਗ ਕਾਰਵਾਈ ਕਦੋਂ ਤੱਕ ਕਰ ਦਿੱਤੀ ਜਾਵੇਗੀ; ਵੇਰਵੇ ਸਹਿਤ ਦੱਸਿਆ ਜਾਵੇ ?

----

## ਕਿਰਤੀ ਕਾਮਿਆਂ ਦੀਆਂ ਅਰਜੀਆਂ ਦੇ ਵੇਰਵੇ

***1816 ਸ. ਨਰਿੰਦਰਪਾਲ ਸਿੰਘ ਸਵਨਾ (ਫਾਜ਼ਿਲਕਾ):**

**ਗੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ, ਕਿਰਤ, ਪ੍ਰਾਹੁਣਚਾਰੀ, ਪੇਂਡੂ ਵਿਕਾਸ ਅਤੇ ਪੰਚਾਇਤਾਂ :-**

ਕੀ ਕਿਰਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

**ੳ)** ਪਿਛਲੇ 4 ਸਾਲਾਂ ਵਿੱਚ ਫਾਜਿਲਕਾ ਹਲਕੇ ਦੇ ਕਿਰਤੀ ਕਾਮਿਆਂ ਨੇ ਕਿੰਨਾ ਲਾਭ ਕਿਰਤ ਵਿਭਾਗ ਤੋਂ ਲਿਆ ਹੈ;

**ਅ)** ਮੌਜੂਦਾ ਸਮੇਂ ਵਿੱਚ ਕਿਰਤੀ ਕਾਮਿਆਂ ਵੱਲੋਂ ਆਪਣਾ ਬਣਦਾ ਲਾਭ ਲੈਣ ਲਈ ਕਿਰਤ ਵਿਭਾਗ ਕੋਲ ਕਿੰਨੀਆਂ ਅਰਜੀਆਂ ਆ ਚੁੱਕੀਆਂ ਹਨ ਅਤੇ ਇਹਨਾਂ ਦਾ ਨਿਪਟਾਰਾ ਕਿੰਨੇ ਸਮੇਂ ਵਿੱਚ ਕੀਤਾ ਜਾਵੇਗਾ; ਵੇਰੇਵੇ ਸਹਿਤ ਦੱਸਿਆ ਜਾਵੇ?

----

## ਪਿੰਡ ਵਣੀਕੇ ਤੋਂ ਅਜਨਾਲਾ ਤੱਕ ਸੜਕ ਬਣਾਉਣਾ

***1752 ਸ. ਸੁਖਬਿੰਦਰ ਸਿੰਘ ਸਰਕਾਰੀਆ (ਰਾਜਾ ਸਾਂਸੀ ):**

**ਲੋਕ ਨਿਰਮਾਣ** ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ :- ੳ) ਹਲਕਾ ਰਾਜਾਸਾਂਸੀ ਅਧੀਨ ਪੈਂਦੇ ਪਿੰਡ ਵਣੀਕੇ ਤੋਂ ਅਜਨਾਲਾ ਤੱਕ (ਵਾਇਆ ਚੋਗਾਵਾਂ) ਸੜਕ ਦਾ ਕਿੰਨਾ ਹਿੱਸਾ ਬਣ ਚੁੱਕਿਆ ਹੈ ਅਤੇ ਕਿੰਨਾ ਬਾਕੀ ਹੈ ; ਅ) ਇਹ ਸੜਕ ਕਦੋਂ ਤੱਕ ਬਣ ਕੇ ਪੂਰੀ ਤਿਆਰ ਹੋ ਜਾਵੇਗੀ; ਵੇਰਵੇ ਸਹਿਤ ਦੱਸਿਆ ਜਾਵੇ?

----

## ਕਾਨਿਆਂਵਾਲੀ ਮਾਇਨਰ ਨੂੰ ਪੱਕਾ ਕਰਨਾ

***1746 ਸ. ਗੁਰਦਿੱਤ ਸਿੰਘ (ਫਰੀਦਕੋਟ):**

**ਖਾਣਾਂ ਅਤੇ ਭੂ-ਵਿਗਿਆਨ, ਜਲ ਸਰੋਤ ,ਭੂਮੀ ਅਤੇ ਪਾਣੀ ਸੰਭਾਲ ਵਿਭਾਗ :-**
ਕੀ ਜਲ ਸਰੋਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

**ੳ)** ਕੀ ਇਹ ਠੀਕ ਹੈ ਕਿ ਗੰਗ ਕੈਨਾਲ (ਬੀਕਾਨੇਰ ਕੈਨਾਲ) ਵਿੱਚੋਂ ਪੰਜਾਬ ਅੰਦਰ ਨਿਕਲਣ ਵਾਲੀ ਇਕੱਲੀ ਕੱਸੀ (ਅਰਥਾਤ ਕਾਨਿਆਂਵਾਲੀ ਮਾਇਨਰ) ਦੀ ਹਾਲਤ ਬਹੁਤ ਹੀ ਜਰਜਰ ਹੋ ਚੁੱਕੀ ਹੈ ਜਿਸ ਕਾਰਨ ਪਾਣੀ ਦੇ ਰਿਸਾਅ ਨਾਲ ਕਿਸਾਨਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ;
**ਅ)** ਕੀ ਸਰਕਾਰ ਕਾਨਿਆਂਵਾਲੀ ਮਾਇਨਰ ਨੂੰ ਕੰਕਰੀਟ ਨਾਲ ਪੱਕਾ ਕਰਨ ਅਤੇ ਇਸ ਦੀ ਚੌੜਾਈ/ਸਮਰੱਥਾ ਵਧਾਉਣ ਲਈ ਕੋਈ ਯੋਜਨਾ ਤਿਆਰ ਕਰ ਰਹੀ ਹੈ; ਜੇਕਰ ਅਜਿਹਾ ਹੈ ਤਾਂ ਇਸ ਕੰਮ ਲਈ ਕਿੰਨੀ ਰਕਮ ਮਨਜ਼ੂਰ ਕੀਤੀ ਗਈ ਹੈ ਅਤੇ ਕੰਮ ਸ਼ੁਰੂ ਕਰਨ ਦੀ ਸੰਭਾਵਿਤ ਮਿਤੀ ਕੀ ਹੈ; ਵੇਰਵੇ ਸਹਿਤ ਦੱਸਿਆ ਜਾਵੇ?

----

## ਰਾਜ ਵਿੱਚ ਖੋਲ੍ਹੇ ਗਏ ਨਵੇਂ ਮੈਡੀਕਲ ਕਾਲਜਾਂ ਦੇ ਵੇਰਵੇ

*1669 **ਸ. ਤ੍ਰਿਪਤ ਰਜਿੰਦਰ ਸਿੰਘ ਬਾਜਵਾ(ਫਤਿਹਗੜ੍ਹ ਚੂੜੀਆਂ) :**
**ਸ. ਪ੍ਰਤਾਪ ਸਿੰਘ ਬਾਜਵਾ(ਕਾਦੀਆਂ) :**

**ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਮੈਡੀਕਲ ਸਿੱਖਿਆ ਅਤੇ ਖੋਜ, ਚੋਣ :-**
ਕੀ ਮੈਡੀਕਲ ਸਿੱਖਿਆ ਅਤੇ ਖੋਜ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਸਰਕਾਰ ਵੱਲੋਂ ਮਾਰਚ 2022 ਤੋਂ ਹੁਣ ਤੱਕ ਖੋਲ੍ਹੇ ਗਏ ਨਵੇਂ ਸਰਕਾਰੀ ਮੈਡੀਕਲ ਕਾਲਜਾਂ ਦੀ ਗਿਣਤੀ ਕਿੰਨੀ ਹੈ ਅਤੇ ਹਰ ਇੱਕ ਕਾਲਜ ਦੀ ਮੌਜੂਦਾ ਸਥਿਤੀ ਕੀ ਹੈ ;

ਅ) ਇਹ ਕਾਲਜ ਕਿਹੜੇ-ਕਿਹੜੇ ਜਿਲ੍ਹੇ ਵਿੱਚ ਸਥਿਤ ਹਨ ਅਤੇ ਇਹਨਾਂ ਕਾਲਜਾਂ ਵਿੱਚ ਭਰਤੀ ਕੀਤੇ ਗਏ ਸਟਾਫ (ਕੈਟਾਗਰੀ-ਵਾਈਜ਼) ਦੀ ਕੁੱਲ ਗਿਣਤੀ ਕਿੰਨੀ-ਕਿੰਨੀ ਹੈ; ਵੇਰਵੇ ਸਹਿਤ ਦੱਸਿਆ ਜਾਵੇ?

----

## ਵੱਡੇ ਸ਼ਹਿਰਾਂ ਵਿੱਚੋਂ ਕੂੜੇ ਦਾ ਨਿਪਟਾਰਾ ਕਰਨਾ

*1749 **ਰਾਣਾ ਗੁਰਜੀਤ ਸਿੰਘ (ਕਪੂਰਥਲਾ):**

**ਸਥਾਨਕ ਸਰਕਾਰਾਂ, ਉਦਯੋਗ ਤੇ ਵਣਜ, ਨਿਵੇਸ਼ ਪ੍ਰਮੋਸ਼ਨ ਵਿਭਾਗ, ਬਿਜਲੀ :-**
ਕੀ ਸਥਾਨਕ ਸਰਕਾਰ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ -
**ੳ)** ਅੰਮ੍ਰਿਤਸਰ, ਜਲੰਧਰ, ਲੁਧਿਆਣਾ ਅਤੇ ਬਠਿੰਡਾ ਸ਼ਹਿਰਾਂ ਵਿੱਚ ਰੋਜ਼ਾਨਾ ਵੱਖ-ਵੱਖ ਤੌਰ ਤੇ ਕਿੰਨੀ ਮਾਤਰਾ ਵਿੱਚ ਕੂੜਾ ਇੱਕਠਾ ਕੀਤਾ ਜਾਂਦਾ ਹੈ;
**ਅ)** ਉਪਰੋਕਤ ਸ਼ਹਿਰਾਂ ਵਿੱਚ ਕੂੜੇ ਦੇ ਨਿਪਟਾਰੇ ਲਈ ਕਿਹੜੀ ਪ੍ਰਕਿਰਿਆ ਵਰਤੋਂ ਵਿੱਚ ਲਿਆਈ ਜਾਂਦੀ ਹੈ ;
**ੲ)** ਕੀ ਉਕਤ ਕੂੜੇ ਦੀ ਬਿਜਲੀ ਉਤਪਾਦਨ ਲਈ ਜਾਂ ਕਿਸੇ ਹੋਰ ਤਰੀਕੇ ਨਾਲ ਲਾਭਕਾਰੀ ਵਰਤੋਂ ਕਰਨ ਲਈ ਕੋਈ ਅਧਿਐਨ ਕੀਤਾ ਗਿਆ ਹੈ?

----

## ਲਿੰਕ ਸੜਕ ਦਾ ਨਾਮ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਨਾਮ ਤੇ ਰੱਖਣਾ

*1790 **ਸ਼੍ਰੀ ਗੁਰਲਾਲ ਸਿੰਘ (ਘਨੌਰ):**

**ਖੇਤੀਬਾੜੀ ਵਿਭਾਗ, ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਵਿਭਾਗ** ਕੀ ਖੇਤੀਬਾੜੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਰਾਜਪੁਰਾ ਤੋਂ ਸੇਹਰਾਂ ਅਤੇ ਸੇਹਰਾਂ ਤੋਂ ਆਕੜ ਲਿੰਕ ਸੜਕ ਦਾ ਨਾਮ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਨਾਮ ਤੇ ਰੱਖਣ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

----

## ਲਾਲੜੂ ਸ਼ਹਿਰ ਵਿਖੇ ਸਬ-ਤਹਿਸੀਲ ਬਣਾਉਣਾ

*1779 **ਸ. ਕੁਲਜੀਤ ਸਿੰਘ ਰੰਧਾਵਾ ( ਡੇਰਾ ਬੱਸੀ ):**

**ਮਾਲ, ਮੁੜ ਵਸੇਬਾ ਅਤੇ ਆਫ਼ਤ ਪ੍ਰਬੰਧਨ, ਜਲ ਸਪਲਾਈ ਅਤੇ ਸੈਨੀਟੇਸ਼ਨ,ਹਾਊਸਿੰਗ ਅਤੇ ਸ਼ਹਿਰੀ ਵਿਕਾਸ** ਕੀ ਮਾਲ ਅਤੇ ਪੁਨਰਵਾਸ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਹਲਕਾ ਡੇਰਾਬੱਸੀ ਵਿੱਚ ਪੈਂਦੇ ਲਾਲੜੂ ਸ਼ਹਿਰ ਵਿੱਚ ਸਬ-ਤਹਿਸੀਲ ਬਣਾਉਣ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਲਾਲੜੂ ਸ਼ਹਿਰ ਵਿਖੇ ਕਦੋਂ ਤੱਕ ਸਬ-ਤਹਿਸੀਲ ਬਣਾ ਦਿੱਤੀ ਜਾਵੇਗੀ; ਵੇਰਵੇ ਸਹਿਤ ਦੱਸਿਆ ਜਾਵੇ ?

----

## ਸੜਕਾਂ ਦੇ ਨਾਲ ਬਰਮਾਂ ਰੱਖਣ ਦੇ ਵੇਰਵੇ

***1766 ਚੇਤਨ ਸਿੰਘ ਜੋੜਾਮਾਜਰਾ (ਸਮਾਣਾ):**

**ਲੋਕ ਨਿਰਮਾਣ :-**
ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:

**ੳ)** ਸਟੇਟ ਹਾਈਵੇਜ਼ ਅਤੇ ਨੈਸ਼ਨਲ ਹਾਈਵੇਜ਼ ਸੜਕਾਂ ਦੇ ਨਾਲ ਕਿੰਨੇ ਫੁੱਟ ਚੌੜੀਆਂ ਬਰਮਾਂ ਰੱਖਣ ਦਾ ਪ੍ਰਾਵਧਾਨ ਹੈ;

**ਅ)** ਕੀ ਉਕਤ (ੳ) ਵਿੱਚ ਦਰਸਾਏ ਅਨੁਸਾਰ ਇਹ ਬਰਮਾਂ ਸਾਰੀਆਂ ਸੜਕਾਂ ਤੇ ਉਪਲੱਬਧ ਹੈ;

**ੲ)** ਜੇਕਰ ਅਜਿਹਾ ਨਾ ਹੋਵੇ ਤਾਂ ਕੀ ਸਰਕਾਰ ਬਰਮਾਂ ਉਪਲੱਬਧ ਕਰਵਾਉਣ ਦਾ ਪ੍ਰਬੰਧ ਕਰੇਗੀ ਤਾਂ ਕਿ ਬਰਮਾਂ ਦੀ ਅਣਹੋਂਦ ਵਿੱਚ ਵਾਪਰ ਰਹੇ ਭਿਆਨਕ ਐਕਸੀਡੈਂਟਾਂ ਨੂੰ ਰੋਕਿਆ ਜਾ ਸਕੇ;

**ਸ)** ਕੀ ਸਰਕਾਰ ਸੜਕਾਂ ਤੇ ਪ੍ਰੀਮਿਕਸ ਪਾਉਣ ਉਪਰੰਤ ਬਰਮਾਂ ਦੇ ਨੀਵੇਂ ਰਹਿਣ ਕਾਰਨ ਬਰਮਾਂ ਤੇ ਮਿੱਟੀ ਪਾ ਕੇ ਉਨ੍ਹਾਂ ਨੂੰ ਉੱਚਾ ਚੁੱਕਣ ਦੀ ਵਿਵਸਥਾ ਕਰੇਗੀ ?

----

## ਆਈ.ਟੀ.ਆਈ. ਬਾਬਾ ਬਕਾਲਾ ਦਾ ਨਾਮ ਅਮਰ ਸ਼ਹੀਦ ਬਾਬਾ ਜੀਵਨ ਸਿੰਘ ਜੀ ਦੇ ਨਾਮ ਤੇ ਰੱਖਣਾ

***1822 ਸ. ਦਲਬੀਰ ਸਿੰਘ (ਬਾਬਾ ਬਕਾਲਾ):**

**ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਉੱਚ ਸਿੱਖਿਆ ਅਤੇ ਭਾਸ਼ਾ, ਸਕੂਲ ਸਿੱਖਿਆ,ਸੂਚਨਾ ਅਤੇ ਲੋਕ ਸੰਪਰਕ** ਕੀ ਤਕਨੀਕੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਹਲਕਾ ਬਾਬਾ ਬਕਾਲਾ ਵਿਖੇ ਸਥਿਤ ਸਰਕਾਰੀ ਆਈ.ਟੀ.ਆਈ. ਬਾਬਾ ਬਕਾਲਾ ਦਾ ਨਾਮ ਅਮਰ ਸ਼ਹੀਦ ਬਾਬਾ ਜੀਵਨ ਸਿੰਘ ਜੀ ਦੇ ਨਾਮ ਉੱਤੇ ਰੱਖਣ ਦੀ ਕੋਈ ਤਜਵੀਜ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ ਇਸ ਨੂੰ ਅਮਲ ਵਿੱਚ ਲਿਆਂਦਾ ਜਾਵੇਗਾ?

----

## ਨਵੇਂ ਨੀਲੇ ਕਾਰਡ ਬਣਾਉਣਾ ਅਤੇ ਰਹਿ ਗਏ ਨਾਮ ਕਾਰਡ ਵਿੱਚ ਸ਼ਾਮਲ ਕਰਨਾ

***1737 ਪ੍ਰਿੰਸੀਪਲ ਬੁੱਧ ਰਾਮ (ਬੁਢਲਾਡਾ) :**
**ਡਾ. ਸੁਖਵਿੰਦਰ ਕੁਮਾਰ ਸੁੱਖੀ(ਬੰਗਾ) :**

**ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ, ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ :-**
ਕੀ ਖੁਰਾਕ ਅਤੇ ਸਿਵਲ ਸਪਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ :-

ੳ) ਕੀ ਇਹ ਠੀਕ ਹੈ ਕਿ ਰਾਜ ਦੇ ਜਿਹੜੇ ਗ਼ਰੀਬ ਲਾਭਪਾਤਰੀ ਆਟਾ-ਦਾਲ ਸਕੀਮ ਦੇ ਨੀਲੇ ਕਾਰਡ ਬਣਾਉਣ ਤੋਂ ਕਿਸੇ ਕਾਰਨ ਵਾਂਝੇ ਰਹਿ ਗਏ ਹਨ, ਜਿਹਨਾ ਦੇ ਕਾਰਡ ਕੱਟੇ ਗਏ ਹਨ, ਉਹਨਾਂ ਦੇ ਬੱਚਿਆਂ ਦੇ ਨਾਮ ਅਜੇ ਤੱਕ ਕਾਰਡ ਵਿੱਚ ਸ਼ਾਮਲ ਨਹੀਂ ਹੋਏ ਹਨ;

ਅ) ਕੀ ਇਹ ਵੀ ਠੀਕ ਹੈ ਕਿ ਹਲਕਾ ਬੁਢਲਾਡਾ ਦੇ ਜਿਆਦਾਤਰ ਪਿੰਡਾਂ ਅਤੇ ਵਾਰਡਾਂ ਵਿੱਚ ਪਿਛਲੀ ਸਰਕਾਰ ਵੇਲੇ ਗਰੀਬ ਲੋਕਾਂ ਦੇ ਆਟਾ-ਦਾਲ ਸਕੀਮ ਅਧੀਨ ਬਣੇ ਕਾਰਡ ਕੱਟੇ ਗਏ ਸਨ ਜੋ ਅੱਜ ਤੱਕ ਮੁੜ ਨਹੀਂ ਬਣਾਏ ਗਏ, ਇਸ ਤੋਂ ਇਲਾਵਾ ਚਾਰ ਸਾਲਾਂ ਵਿੱਚ ਨਵ ਵਿਆਹੀਆਂ ਲੜਕੀਆਂ ਅਤੇ ਉਹਨਾਂ ਦੇ ਪੈਦਾ ਹੋਏ ਬੱਚਿਆਂ ਦੇ ਨਾਮ ਵੀ ਆਟਾ-ਦਾਲ ਕਾਰਡ ਵਿੱਚ ਨਹੀਂ ਸ਼ਾਮਿਲ ਕੀਤੇ ਗਏ;

ੲ) ਜੇਕਰ ਉਪਰੋਕਤ ਭਾਗ (ੳ) ਅਤੇ (ਅ) ਦਾ ਉੱਤਰ ਹਾਂ ਵਿੱਚ ਹੋਵੇ ਤਾਂ ਕੀ ਸਰਕਾਰ ਆਟਾ-ਦਾਲ ਤੋਂ ਵਾਂਝੇ ਰਹਿੰਦੇ ਪਰਿਵਾਰਾਂ ਦੇ ਨਵੇਂ ਕਾਰਡ ਬਣਾਏਗੀ ਅਤੇ ਉਹਨਾਂ ਕਾਰਡਾਂ ਵਿੱਚ ਨਵ ਵਿਆਹੀਆਂ ਲੜਕੀਆਂ ਅਤੇ ਉਹਨਾਂ ਦੇ ਪੈਦਾ ਹੋਏ ਬੱਚਿਆਂ ਦੇ ਨਾਮ ਵੀ ਸ਼ਾਮਲ ਕਰੇਗੀ;ਜੇਕਰ ਹੈ ਤਾਂ ਕਦੋਂ ਤੱਕ; ਵੇਰਵੇ ਸਹਿਤ ਦੱਸਿਆ ਜਾਵੇ?

----

## ਦੁਨੇਰਾ ਵਿਖੇ ਬੱਸਾਂ ਦੇ ਰੁਕਣ ਦਾ ਪ੍ਰਬੰਧ ਕਰਨਾ

***1751 ਸ਼੍ਰੀ ਨਰੇਸ਼ ਪੁਰੀ (ਸੁਜਾਨਪੁਰ):**

**ਗੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ, ਕਿਰਤ, ਪ੍ਰਾਹੁਣਚਾਰੀ, ਪੇਂਡੂ ਵਿਕਾਸ ਅਤੇ ਪੰਚਾਇਤਾਂ**
ਕੀ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਦੁਨੇਰਾ ਜੋ ਕਿ ਪਠਾਨਕੋਟ ਪੰਜਾਬ ਦਾ ਆਖਰੀ ਬਸ ਸਟੈਂਡ ਹੈ ਉੱਥੇ ਬਸ ਦੇ ਰੁਕਣ ਲਈ ਕੋਈ ਵੀ ਬਸ ਸਟਾਪ ਨਹੀਂ ਹੈ, ਜਿਸ ਕਾਰਨ ਟ੍ਰੈਫਿਕ ਜਾਮ ਦੀ ਸਮੱਸਿਆ ਬਣੀ ਰਹਿੰਦੀ ਹੈ ; ਜੇਕਰ ਅਜਿਹਾ ਹੈ ਤਾਂ ਇੱਥੇ ਬਸ ਸਟਾਪ ਬਣਾਉਣ ਦੀ ਤਜਵੀਜ ਸਰਕਾਰ ਦੇ ਵਿਚਾਰ ਅਧੀਨ ਹੈ ?

----

## ਦਸੂਹਾ ਅਤੇ ਤਲਵਾੜਾ ਸ਼ਹਿਰਾਂ ਵਿੱਚ ਸੀਵਰੇਜ ਦਾ ਪ੍ਰਬੰਧ ਕਰਨਾ

***1661 ਸ. ਕਰਮਬੀਰ ਸਿੰਘ (ਦਸੂਹਾ):**

**ਸਥਾਨਕ ਸਰਕਾਰਾਂ, ਉਦਯੋਗ ਤੇ ਵਣਜ, ਨਿਵੇਸ਼ ਪ੍ਰਮੋਸ਼ਨ ਵਿਭਾਗ , ਬਿਜਲੀ** ਕੀ ਸਥਾਨਕ ਸਰਕਾਰ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਦਸੂਹਾ ਸ਼ਹਿਰ ਨਗਰ ਕੌਂਸਲ ਦੇ ਨੇੜੇ ਵੇਰਕਾ ਮਿਲਕ ਪਲਾਂਟ ਅਤੇ ਕਹਿਰਵਾਲੀ ਅਤੇ ਤਲਵਾੜਾ ਸ਼ਹਿਰ ਵਿੱਚ ਸੀਵਰੇਜ ਦਾ ਪ੍ਰਬੰਧ ਨਾ ਹੋਣ ਕਾਰਨ ਸਾਰੇ ਸ਼ਹਿਰ ਵਿੱਚ ਗੰਦੇ ਪਾਣੀ ਦੀ ਸਮੱਸਿਆ ਹੈ; ਜੇਕਰ ਅਜਿਹਾ ਹੈ ਤਾਂ ਇਹਨਾਂ ਦੋਨੋਂ ਸ਼ਹਿਰਾਂ ਵਿੱਚ ਨਵੇਂ ਸੀਵਰੇਜ ਦਾ ਪ੍ਰਬੰਧ ਕਰਨ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

----

## ਚਾਈਨਾ ਡੋਰ ਰਾਹੀਂ ਹੋਣ ਵਾਲੀਆਂ ਦੁਰਘਟਨਾਵਾਂ ਨੂੰ ਸਖ਼ਤੀ ਨਾਲ ਰੋਕਣਾ

***1659 ਡਾ. ਸੁਖਵਿੰਦਰ ਕੁਮਾਰ ਸੁੱਖੀ(ਬੰਗਾ) :**
**ਸ. ਮਨਪ੍ਰੀਤ ਸਿੰਘ ਇਯਾਲੀ(ਦਾਖਾ) :**

**ਮੁੱਖ ਮੰਤਰੀ :-**
ਕੀ ਮੁੱਖ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਰਾਜ ਵਿੱਚ ਸਾਲ 2026 ਵਿੱਚ ਹੁਣ ਤੱਕ ਚਾਈਨਾਂ ਡੋਰ ਕਾਰਨ ਕਿੰਨੇ ਲੋਕਾਂ ਦੀ ਮੌਤ ਹੋਈ ਹੈ ਅਤੇ ਕਿੰਨੇ ਲੋਕ ਜਖਮੀ ਹੋਏ ਹਨ;

ਅ) ਸਾਲ 2025 ਤੋਂ ਹੁਣ ਤੱਕ ਜ਼ਬਤ ਕੀਤੀ ਗਈ "ਚਾਈਨਾ ਡੋਰ" ਦੀ ਕੁੱਲ ਮਾਤਰਾ ਕਿੰਨੀ ਹੈ ਅਤੇ ਰਾਜ ਭਰ ਵਿੱਚ ਕਿੰਨੀਆਂ ਐਫ.ਆਈ.ਆਰ. ਦਰਜ ਕੀਤੀਆਂ ਗਈਆਂ ਹਨ;

ੲ) ਕੀ ਸਰਕਾਰ ਵੱਲੋਂ ਅਜਿਹੀਆਂ ਦਰਦਨਾਕ ਦੁਰਘਟਨਾਵਾਂ ਵਿੱਚ ਮਰੇ ਤੇ ਜਖ਼ਮੀ ਹੋਏ ਲੋਕਾਂ ਨੂੰ ਕੋਈ ਮਾਲੀ/ਮੈਡੀਕਲ ਸਹਾਇਤੀ ਦਿੱਤੀ ਹੈ, ਜੇਕਰ ਹਾਂ ਤਾਂ ਕਿੰਨੀ-ਕਿੰਨੀ ਵਿੱਤੀ ਸਹਾਇਤਾ ਕਦੋਂ ਦਿੱਤੀ ਗਈ ਹੈ ਅਤੇ ਜੇਕਰ ਨਹੀਂ ਤਾਂ ਇਸ ਦੇ ਕੀ ਕਾਰਨ ਹਨ;

ਸ) ਕੀ ਸਰਕਾਰ ਨੇ ਇਸਦੀ ਉਲੰਘਣਾ ਕਰਨ ਵਾਲਿਆਂ ਲਈ ਪੰਜ ਸਾਲ ਦੀ ਕੈਦ ਅਤੇ 10 ਲੱਖ ਰੁਪਏ ਦੇ ਜੁਰਮਾਨੇ ਦੀ ਸਜ਼ਾ ਲਾਗੂ ਕੀਤੀ ਹੈ;

ਹ) ਕੀ ਵਿਕ੍ਰੇਤਾਵਾਂ ਦੀ ਰੀਅਲ-ਟਾਈਮ ਸਪਲਾਈ ਚੇਨ ਨਿਗਰਾਨੀ ਅਤੇ ਜੀ.ਪੀ.ਐੱਸ. ਟਰੈਕਿੰਗ ਲਈ ਸਾਲ 2025-26 ਵਿੱਚ ਇੱਕ ਵਿਸ਼ੇਸ਼ ਟਾਸਕ ਫੋਰਸ ਦਾ ਸੰਚਾਲਨ ਕੀਤਾ ਗਿਆ ਹੈ;

ਕ) ਰਾਜ ਵਿੱਚ ਹਰ ਸਾਲ ਵਾਪਰ ਰਹੀਆਂ ਅਜਿਹੀਆਂ ਘਟਨਾਵਾਂ ਨੂੰ ਸਖ਼ਤੀ ਨਾਲ ਰੋਕਣ ਲਈ ਸਰਕਾਰ ਵੱਲੋਂ ਕੀ ਕਾਰਵਾਈ ਕੀਤੀ ਗਈ ਹੈ; ਵੇਰਵੇ ਸਹਿਤ ਦੱਸਿਆ ਜਾਵੇ; ਮਕਰ ਸੰਕ੍ਰਾਂਤੀ (ਲੋਹੜੀ) ਅਤੇ ਬਸੰਤ ਪੰਚਮੀ ਵਰਗੇ ਪਤੰਗ ਉਡਾਉਣ ਵਾਲੇ ਤਿਉਹਾਰਾਂ ਦੌਰਾਨ ਜਨਤਾ ਦੀ ਸੁਰੱਖਿਆ ਲਈ ਸਾਲ 2025-26 ਵਿੱਚ ਕਿਹੜੀਆਂ ਵਿਸ਼ੇਸ਼ ਜਾਗਰੂਕਤਾ ਮੁਹਿੰਮਾਂ ਸ਼ੁਰੂ ਕੀਤੀਆਂ ਗਈਆਂ ਸਨ?

----

## ਸਰਕਾਰ ਦੁਆਰਾ ਸ਼ੁਰੂ ਕੀਤੀ ਗਈ ਸਿਹਤ ਬੀਮਾ ਸਕੀਮ ਦੇ ਵੇਰਵੇ

***1670 ਸ. ਤ੍ਰਿਪਤ ਰਜਿੰਦਰ ਸਿੰਘ ਬਾਜਵਾ (ਫਤਿਹਗੜ੍ਹ ਚੂੜੀਆਂ):**

**ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਮੈਡੀਕਲ ਸਿੱਖਿਆ ਅਤੇ ਖੋਜ, ਚੋਣ :-**
ਕੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

**ੳ**) ਸਰਕਾਰ ਦੁਆਰਾ ਹਾਲ ਹੀ ਵਿੱਚ ਸ਼ੁਰੂ ਕੀਤੀ ਗਈ ਸਿਹਤ ਬੀਮਾ ਸਕੀਮ ਦੇ ਮਾਪਦੰਡ ਅਤੇ ਮੁੱਖ ਵਿਸ਼ੇਸ਼ਤਾਵਾਂ ਕੀ ਹਨ ;

**ਅ**) ਸਰਕਾਰ ਦੁਆਰਾ ਇਸ ਸਕੀਮ ਅਧੀਨ ਰਾਜ ਵਿੱਚ ਜ਼ਿਲ੍ਹਾ-ਵਾਰ ਹੁਣ ਤੱਕ ਬਣਾਏ ਗਏ ਸਿਹਤ ਕਾਰਡਾਂ ਦੀ ਕੁੱਲ ਗਿਣਤੀ ਕਿੰਨੀ ਹੈ;

**ਣ)** ਵਿੱਤੀ ਸਾਲ 2025-26 ਦੇ ਬਾਕੀ ਰਹਿੰਦੇ ਸਮੇਂ ਲਈ ਸਰਕਾਰ ਦੁਆਰਾ ਇਸ ਸਕੀਮ ਲਈ ਕੁੱਲ ਕਿੰਨੀ ਰਕਮ/ਫੰਡ ਨਿਰਧਾਰਤ ਕੀਤੇ ਗਏ ਹਨ?

----

**ਚੰਡੀਗੜ੍ਹ - 160001.** **ਰਾਮ ਲੋਕ ਖਟਾਣਾ,**

**09 ਮਾਰਚ 2026.** **ਸਕੱਤਰ**